
# ਅੱਖਾਂ ਦੀ ਸਰਜਰੀ ਲਈ ਐਨੀਸਥੀਸੀਆ

**ਜੇਕਰ ਤੁਹਾਨੂੰ ਅੱਖਾਂ ਦੀ ਸਰਜਰੀ ਕਰਵਾਉਣ ਦੀ ਲੋੜ ਹੈ, ਤਾਂ ਇਸ ਲਈ ਪਹਿਲਾਂ ਤੋਂ ਤਿਆਰੀ ਕਰਨੀ ਇਹ ਯਕੀਨੀ ਬਣਾਉਣ ਵਿੱਚ ਮੱਦਦ ਕਰੇਗੀ ਕਿ ਅਨੁਭਵ ਚੰਗਾ ਹੋਵੇ।**



**ਇਹ ਕਿਤਾਬਚਾ ਹੇਠ ਲਿਖੀਆਂ ਗੱਲਾਂ ਕਰੇਗਾ:**

- ਤੁਹਾਨੂੰ ਅੱਖਾਂ ਦੀ ਸਰਜਰੀ ਲਈ ਐਨੀਸਥੀਸੀਆ (ਬੇਹੋਸ਼ ਜਾਂ ਸੁੰਨ ਕਰਨ) ਬਾਰੇ ਆਮ ਜਾਣਕਾਰੀ ਪ੍ਰਦਾਨ ਕਰੇਗਾ
- ਤੁਹਾਨੂੰ ਆਪਣੇ ਐਨੀਸਥੀਸੀਆ ਮਾਹਰ ਤੋਂ ਸਵਾਲ ਪੁੱਛਣ ਲਈ ਉਤਸ਼ਾਹਿਤ ਕਰੇਗਾ
- ਇਸ ਯੋਜਨਾਬੱਧ ਪ੍ਰਕਿਰਿਆ ਨੂੰ ਸਕਾਰਾਤਮਕ ਢੰਗ ਨਾਲ ਅਪਣਾਉਣ ਵਿੱਚ ਤੁਹਾਡੀ ਮੱਦਦ ਕਰੇਗਾ

**ਜੇਕਰ ਤੁਹਾਡੇ ਕੋਈ ਹੋਰ ਸਵਾਲ ਹਨ, ਤਾਂ ਤੁਹਾਨੂੰ ਆਪਣੇ ਮਾਹਰ ਜਾਂ ਸੰਬੰਧਿਤ ਸਿਹਤ ਪੇਸ਼ੇਵਰ ਤੋਂ ਪੁੱਛਣੇ ਚਾਹੀਦੇ ਹਨ।**

## ਸਰਜਰੀ ਦੀਆਂ ਕਿਸਮਾਂ

ਅੱਖਾਂ ਦੀਆਂ ਸਭ ਤੋਂ ਵੱਧ ਕੀਤੀਆਂ ਜਾਣ ਵਾਲੀਆਂ ਸਰਜਰੀਆਂ ਮੋਤੀਆਬਿੰਦ ਕੱਢਣਾ ਅਤੇ ਅੱਖ ਦੇ ਅੰਦਰ ਲੈਂਸ ਪਾਉਣਾ ਹਨ। ਅੱਖਾਂ ਦੀ ਸਰਜਰੀ ਦੀਆਂ ਹੋਰ ਕਿਸਮਾਂ ਵਿੱਚ ਗਲੋਕੋਮਾ ਸਰਜਰੀ, ਰਿਫ੍ਰੈਕਟਿਵ ਸਰਜਰੀ, ਕੌਰਨੀਅਲ ਸਰਜਰੀ, ਵਿਟ੍ਰੀਓ-ਰੇਟਿਨਲ ਸਰਜਰੀ ਅਤੇ ਅੱਖਾਂ ਦੀਆਂ ਮਾਸਪੇਸ਼ੀਆਂ (ਸਟ੍ਰੈਬਿਸਮਸ) ਸਰਜਰੀ ਸ਼ਾਮਲ ਹਨ।

## ਤੁਸੀਂ ਸੁਰੱਖਿਅਤ ਹੱਥਾਂ ਵਿੱਚ ਹੋ

ਐਨੀਸਥੀਸੀਆ ਲੈਣ ਲਈ ਆਸਟ੍ਰੇਲੀਆ ਦੁਨੀਆ ਦੇ ਸਭ ਤੋਂ ਸੁਰੱਖਿਅਤ ਸਥਾਨਾਂ ਵਿੱਚੋਂ ਇੱਕ ਹੈ। ਆਸਟ੍ਰੇਲੀਆ ਦੇ ਐਨੀਸਥੇਟਿਸਟ ਜਾਂ ਐਨੀਸਥੀਸੀਆ ਮਾਹਰ ਉੱਚ ਸਿਖਲਾਈ ਪ੍ਰਾਪਤ ਮੈਡੀਕਲ ਮਾਹਰ ਹੁੰਦੇ ਹਨ। ਉਹਨਾਂ ਨੇ ਮੈਡੀਕਲ ਸਕੂਲ ਤੋਂ ਪੜ੍ਹਾਈ ਕੀਤੀ ਹੈ, ਇੰਟਰਨਸ਼ਿਪ ਪੂਰੀ ਕੀਤੀ ਹੈ ਅਤੇ ਘੱਟੋ-ਘੱਟ ਪੰਜ ਸਾਲਾਂ ਲਈ ਐਨੀਸਥੀਸੀਆ ਵਿੱਚ ਵਿਸ਼ੇਸ਼ ਸਿਖਲਾਈ ਹਾਸਲ ਕੀਤੀ ਹੈ। ਇਸ ਸਿਖਲਾਈ ਵਿੱਚ ਐਨੀਸਥੀਸੀਆ, ਦਰਦ ਪ੍ਰਬੰਧਨ, ਰੀਸਸਿਟੇਸ਼ਨ ( ਹੋਸ਼ ਵਿੱਚ ਲਿਆਉਣਾ) ਅਤੇ ਮੈਡੀਕਲ ਐਮਰਜੈਂਸੀ ਨਾਲ ਨਜਿੱਠਣਾ ਸ਼ਾਮਲ ਹੁੰਦਾ ਹੈ।

## ਸਰਜਰੀ ਤੋਂ ਪਹਿਲਾਂ

ਤੁਹਾਡਾ ਐਨੀਸਥੀਸੀਆ ਮਾਹਰ ਤੁਹਾਡੇ ਡਾਕਟਰੀ ਇਤਿਹਾਸ ਬਾਰੇ ਜਾਣਨਾ ਚਾਹੇਗਾ। ਇਸ ਲਈ ਉਹ ਤੁਹਾਨੂੰ ਆਪਣੇ ਕਲੀਨਿਕ ਵਿੱਚ ਮਿਲ ਸਕਦੇ ਹਨ ਜਾਂ ਤੁਹਾਡੀ ਸਰਜਰੀ ਦੀ ਮਿਤੀ ਤੋਂ ਪਹਿਲਾਂ ਟੈਲੀਹੈਲਥ ਰਾਹੀਂ ਸਲਾਹ-ਮਸ਼ਵਰਾ ਕਰ ਸਕਦੇ ਹਨ। ਸਰਜਰੀ ਤੋਂ ਪਹਿਲਾਂ ਤੁਹਾਨੂੰ ਹੋਰ ਟੈਸਟ ਜਾਂ ਹੋਰ ਮੈਡੀਕਲ ਅਤੇ ਸਿਹਤ ਮਾਹਰਾਂ ਨਾਲ ਸਲਾਹ-ਮਸ਼ਵਰਾ ਕਰਨ ਦੀ ਲੋੜ ਪੈ ਸਕਦੀ ਹੈ। ਹਾਲਾਂਕਿ ਇਹ ਟੈਸਟ ਅਤੇ ਜਾਂਚਾਂ ਤੁਹਾਡੀ ਸਰਜਰੀ ਵਿੱਚ ਦੇਰੀ ਕਰ ਸਕਦੀਆਂ ਹਨ, ਪਰ ਸਰਜਰੀ ਤੋਂ ਪਹਿਲਾਂ ਤੁਹਾਡੀ ਸਿਹਤ ਦਾ ਸਭ ਤੋਂ ਵਧੀਆ ਹਾਲਤ ਵਿੱਚ ਹੋਣਾ, ਸਫ਼ਲ ਨਤੀਜੇ ਅਤੇ ਤੁਹਾਡੀ ਲੰਬੇ ਸਮੇਂ ਦੀ ਸਿਹਤ ਲਈ ਬਹੁਤ ਜ਼ਰੂਰੀ ਹੈ।

ਕਈ ਵਾਰ ਤੁਹਾਡੀ ਸਲਾਹ-ਮਸ਼ਵਰੇ ਦੀ ਮਿਤੀ ਅਤੇ ਤੁਹਾਡੀ ਸਰਜਰੀ ਦੀ ਮਿਤੀ ਵਿਚਕਾਰ ਦੇਰੀ ਹੋ ਸਕਦੀ ਹੈ। ਜੇਕਰ ਤੁਹਾਨੂੰ ਇਸ ਸਮੇਂ ਦੌਰਾਨ ਕੋਈ ਨਵੀਂ ਮੈਡੀਕਲ ਸਮੱਸਿਆ ਹੋਵੇ ਤਾਂ ਤੁਸੀਂ ਇਸ ਬਾਰੇ ਆਪਣੇ ਐਨੀਸਥੀਸੀਆ ਮਾਹਰ ਨੂੰ ਲਾਜ਼ਮੀ ਦੱਸੋ।

## ਤੁਹਾਡੀਆਂ ਦਵਾਈਆਂ

ਜ਼ਿਆਦਾਤਰ ਦਵਾਈਆਂ ਸਰਜਰੀ ਤੱਕ ਜਾਰੀ ਰੱਖੀਆਂ ਜਾ ਸਕਦੀਆਂ ਹਨ। ਖ਼ੂਨ ਪਤਲਾ ਕਰਨ ਵਾਲੀਆਂ ਦਵਾਈਆਂ ਅਤੇ ਸ਼ੂਗਰ ਦੀਆਂ ਦਵਾਈਆਂ ਲਈ ਖ਼ਾਸ ਧਿਆਨ ਦੇਣ ਦੀ ਲੋੜ ਹੁੰਦੀ ਹੈ ਅਤੇ ਤੁਹਾਨੂੰ ਇਨ੍ਹਾਂ ਬਾਰੇ ਖ਼ਾਸ ਹਿਦਾਇਤਾਂ ਦਿੱਤੀਆਂ ਜਾਣਗੀਆਂ। ਜੇਕਰ ਤੁਹਾਨੂੰ ਕੋਈ ਸੰਦੇਹ ਹੋਵੇ, ਤਾਂ ਕਿਰਪਾ ਕਰਕੇ ਆਪਣੇ ਬੱਚੇ ਦੇ ਸਰਜਨ ਜਾਂ ਐਨੀਸਥੀਸੀਆ ਮਾਹਰ ਤੋਂ ਪੁੱਛੋ

## ਤਿਆਰੀ

ਆਪਣੀ ਸਰਜਰੀ ਤੋਂ ਪਹਿਲਾਂ, ਤੁਹਾਨੂੰ ਖ਼ਾਲੀ ਪੇਟ ਰਹਿਣ ਦੀ ਲੋੜ ਹੋਵੇਗੀ ਅਤੇ ਕੋਈ ਭੋਜਨ ਜਾਂ ਪਾਰਦਰਸ਼ੀ ਤਰਲ ਪਦਾਰਥ ਨਹੀਂ ਖਾਣੇ-ਪੀਣੇ ਹਨ। ਆਮ ਤੌਰ 'ਤੇ, ਸਰਜਰੀ ਤੋਂ ਛੇ ਘੰਟੇ ਪਹਿਲਾਂ ਭੋਜਨ ਨਹੀਂ ਖਾਣਾ ਹੁੰਦਾ ਅਤੇ ਦੋ ਘੰਟੇ ਪਹਿਲਾਂ ਤੱਕ ਕੋਈ ਵੀ ਪਾਰਦਰਸ਼ੀ ਤਰਲ ਪਦਾਰਥ ਨਹੀਂ ਪੀਣਾ ਹੁੰਦਾ ਹੈ, ਹਾਲਾਂਕਿ ਤੁਹਾਡਾ ਐਨੀਸਥੀਸੀਆ ਮਾਹਰ ਤੁਹਾਡੇ ਨਾਲ ਪ੍ਰਕਿਰਿਆ ਤੋਂ ਪਹਿਲਾਂ ਇਸ ਬਾਰੇ ਵਿਸਥਾਰ ਨਾਲ ਗੱਲ ਕਰੇਗਾ।

## ਕੀ ਉਮੀਦ ਰੱਖਣੀ ਚਾਹੀਦੀ ਹੈ?

ਅੱਖਾਂ ਦੀ ਸਰਜਰੀ ਅੱਖਾਂ ਵਿੱਚ ਸੁੰਨ ਕਰਨ ਵਾਲੀ ਦਵਾਈ ਦੀਆਂ ਬੂੰਦਾਂ ਪਾ ਕੇ ਕੀਤੀ ਜਾ ਸਕਦੀ ਹੈ। ਅੱਖਾਂ ਦੀ ਵਧੇਰੇ ਗੁੰਝਲਦਾਰ ਸਰਜਰੀ ਲਈ 'ਆਈ ਬਲਾਕ' ਜਾਂ ਜਨਰਲ ਐਨੀਸਥੀਸੀਆ ਦਿੱਤਾ ਜਾ ਸਕਦਾ ਹੈ। ਐਨੀਸਥੀਸੀਆ ਦੀ ਕਿਸਮ ਸਰਜਰੀ ਦੀ ਕਿਸਮ 'ਤੇ ਬਹੁਤ ਜ਼ਿਆਦਾ ਨਿਰਭਰ ਕਰਦੀ ਹੈ, ਪਰ ਇਹ ਐਨੀਸਥੀਸੀਆ ਮਾਹਰ ਜਾਂ ਮਰੀਜ਼ ਦੀ ਪਸੰਦ 'ਤੇ ਵੀ ਨਿਰਭਰ ਕਰਦੀ ਹੈ।

Australian Society of Anaesthetists®

**ਅੱਖਾਂ ਵਿੱਚ ਪਾਉਣ ਵਾਲੀ ਦਵਾਈ (ਆਈ ਡ੍ਰੌਪਸ):** ਸਰਜਰੀ ਲਈ ਅੱਖ ਨੂੰ ਸੁੰਨ ਕਰਨ ਲਈ ਲੋਕਲ ਐਨੀਸਥੀਸੀਆ ਆਈ ਡ੍ਰੌਪਸ ਦੀ ਵਰਤੋਂ ਕੀਤੀ ਜਾ ਸਕਦੀ ਹੈ। ਇਹ ਦਵਾਈ ਸਿੱਧਾ ਅੱਖ ਵਿੱਚ ਪਾਈ ਜਾਂਦੀ ਹੈ ਅਤੇ ਆਮ ਤੌਰ 'ਤੇ ਅਸਰ ਕਰਨ ਲਈ 5-10 ਮਿੰਟ ਲੈਂਦੀ ਹੈ। ਆਈ ਡ੍ਰੌਪਸ ਦਾ ਫ਼ਾਇਦਾ ਇਹ ਹੈ ਕਿ ਇਹ ਜਨਰਲ ਐਨੀਸਥੀਸੀਆ ਦੀ ਲੋੜ ਨੂੰ ਟਾਲ ਦਿੰਦੀਆਂ ਹਨ ਅਤੇ ਤੇਜ਼ੀ ਨਾਲ ਠੀਕ ਹੋਣ ਵਿੱਚ ਮੱਦਦ ਕਰਦੀਆਂ ਹਨ।

**ਆਈ ਬਲਾਕ (ਅੱਖ ਨੂੰ ਰੋਕਣਾ):** ਆਈ ਬਲਾਕ ਸਰਜਰੀ ਦੌਰਾਨ ਅੱਖ ਨੂੰ ਸੁੰਨ ਕਰਨ ਅਤੇ ਅੱਖ ਦੀ ਹਿਲਜੁੱਲ ਨੂੰ ਰੋਕਣ ਲਈ ਕੀਤੀ ਜਾਂਦੀ ਇੱਕ ਪ੍ਰਕਿਰਿਆ ਹੈ। ਇਸ ਵਿੱਚ ਅੱਖ ਦੇ ਆਲੇ-ਦੁਆਲੇ ਲੋਕਲ ਐਨੀਸਥੀਸੀਆ ਦਾ ਟੀਕਾ ਲਗਾਉਣਾ ਸ਼ਾਮਲ ਹੈ, ਜਿਸ ਨਾਲ ਅੱਖ ਸੁੰਨ ਹੋ ਜਾਂਦੀ ਹੈ ਅਤੇ ਇੱਕ ਥਾਂ 'ਤੇ ਖੜ੍ਹ ਜਾਂਦੀ ਹੈ। ਤੁਹਾਡੀ ਦੂਜੀ ਅੱਖ ਨੂੰ ਢੱਕ ਦਿੱਤਾ ਜਾਵੇਗਾ। ਆਈ ਬਲਾਕ ਕਰਨ ਤੋਂ ਪਹਿਲਾਂ ਤੁਹਾਡਾ ਐਨੀਸਥੀਸੀਆ ਮਾਹਰ ਤੁਹਾਨੂੰ ਸਹਿਜ ਹੋਣ ਲਈ ਦਵਾਈ ਦੇ ਸਕਦਾ ਹੈ। ਆਈ ਬਲਾਕ ਜਾਂ ਸਰਜਰੀ ਕਰਨ ਦੌਰਾਨ, ਤੁਹਾਨੂੰ ਕੋਈ ਦਰਦ ਜਾਂ ਬੇਅਰਾਮੀ ਮਹਿਸੂਸ ਹੋਣ ਦੀ ਬਹੁਤ ਹੀ ਘੱਟ ਸੰਭਾਵਨਾ ਹੈ। ਜੇਕਰ ਅਜਿਹਾ ਹੋਵੇ, ਤਾਂ ਕਿਰਪਾ ਕਰਕੇ ਆਪਣੇ ਸਰਜਨ ਜਾਂ ਐਨੀਸਥੀਸੀਆ ਮਾਹਰ ਨੂੰ ਦੱਸੋ ਤਾਂ ਕਿ ਤੁਹਾਨੂੰ ਹੋਰ ਦਵਾਈ ਦਿੱਤੀ ਜਾ ਸਕੇ। ਜੇਕਰ ਤੁਹਾਨੂੰ ਕੋਈ ਦਰਦ ਜਾਂ ਬੇਅਰਾਮੀ ਮਹਿਸੂਸ ਹੁੰਦੀ ਹੈ, ਤਾਂ ਤੁਸੀਂ ਇਸ ਬਾਰੇ ਦੱਸ ਸਕੋਗੇ ਅਤੇ ਲੋੜ ਪੈਣ 'ਤੇ ਵਾਧੂ ਐਨੀਸਥੀਸੀਆ ਦਿੱਤਾ ਜਾ ਸਕਦਾ ਹੈ। ਆਈ ਬਲਾਕ ਦਾ ਫ਼ਾਇਦਾ ਇਹ ਹੈ ਕਿ ਇਹ ਜਨਰਲ ਐਨੀਸਥੀਸੀਆ ਦੀ ਲੋੜ ਨੂੰ ਟਾਲ ਦਿੰਦਾ ਹੈ ਅਤੇ ਤੇਜ਼ੀ ਨਾਲ ਠੀਕ ਹੋਣ ਵਿੱਚ ਮੱਦਦ ਕਰਦਾ ਹੈ।

**ਸੇਡੇਸ਼ਨ (ਨੀਂਦ ਆਉਣ ਜਾਂ ਸ਼ਾਂਤ ਕਰਨ ਵਾਲੀ ਦਵਾਈ):** ਇਸਨੂੰ ਕਈ ਵਾਰ "ਟਵਾਈਲਾਈਟ ਐਨੀਸਥੀਸੀਆ" ਵੀ ਕਿਹਾ ਜਾਂਦਾ ਹੈ ਅਤੇ ਇਹ ਤੁਹਾਨੂੰ ਆਰਾਮਦਾਇਕ ਅਤੇ ਨੀਂਦਰਾ ਬਣਾਉਣ ਲਈ ਨਾੜੀ ਰਾਹੀਂ ਦਿੱਤੀ ਜਾਂਦੀ ਹੈ। ਇਹ ਜਨਰਲ ਐਨੀਸਥੀਸੀਆ ਵਰਗੀ ਨਹੀਂ ਹੁੰਦੀ ਹੈ ਅਤੇ ਕਈ ਵਾਰ ਲੋਕ ਆਪ੍ਰੇਸ਼ਨ ਦੇ ਕੁੱਝ ਹਿੱਸੇ ਨੂੰ ਯਾਦ ਰੱਖਦੇ ਹਨ, ਖ਼ਾਸ ਕਰਕੇ ਗੱਲਬਾਤ ਨੂੰ। ਸੇਡੇਸ਼ਨ ਲੋਕਲ ਐਨੀਸਥੀਸੀਆ ਵਾਲੀਆਂ ਆਈ ਡ੍ਰੌਪਸ ਜਾਂ ਆਈ ਬਲਾਕ ਦੇ ਨਾਲ ਮਿਲਾ ਕੇ ਦਿੱਤੀ ਜਾ ਸਕਦੀ ਹੈ।

**ਜਨਰਲ ਐਨੀਸਥੀਸੀਆ:** ਜਨਰਲ ਐਨੀਸਥੀਸੀਆ ਉਹ ਹੁੰਦਾ ਹੈ ਜਿਸਨੂੰ ਲੋਕ ਆਮ ਤੌਰ 'ਤੇ "ਸੌਂ ਜਾਣਾ" ਕਹਿੰਦੇ ਹਨ। ਤੁਹਾਡਾ ਐਨੀਸਥੀਸੀਆ ਮਾਹਰ ਤੁਹਾਡੀ ਨਾੜੀ ਵਿੱਚ ਇੱਕ ਕੈਨੂਲਾ (ਸੂਈ) ਲਗਾਏਗਾ ਅਤੇ ਇਸ ਨਾਲ ਤਰਲ (ਡ੍ਰਿਪ/ਬੋਤਲ) ਲਗਾਵੇਗਾ। ਜਨਰਲ ਐਨੀਸਥੀਸੀਆ ਦੇਣ ਤੋਂ ਪਹਿਲਾਂ, ਤੁਹਾਨੂੰ ਆਮ ਤੌਰ 'ਤੇ ਮਾਸਕ ਰਾਹੀਂ ਆਕਸੀਜਨ ਸਾਹ ਰਾਹੀਂ ਲੈਣ ਲਈ ਕਿਹਾ ਜਾਵੇਗਾ। ਬੇਹੋਸ਼ੀ ਸ਼ੁਰੂ ਕਰਨ ਲਈ ਐਨੀਸਥੀਸੀਆ ਦੀਆਂ ਦਵਾਈਆਂ ਆਮ ਤੌਰ 'ਤੇ ਕੈਨੂਲਾ ਰਾਹੀਂ ਦਿੱਤੀਆਂ ਜਾਂਦੀਆਂ ਹਨ। ਜਦੋਂ ਤੁਸੀਂ ਪੂਰੀ ਤਰ੍ਹਾਂ "ਸੌਂ" ਜਾਂਦੇ ਹੋ ਤਾਂ ਸਰਜਰੀ ਦੌਰਾਨ ਤੁਹਾਨੂੰ ਸਾਹ ਲੈਣ ਵਿੱਚ ਮੱਦਦ ਕਰਨ ਲਈ ਤੁਹਾਡੀ ਸਾਹ ਵਾਲੀ ਨਾਲੀ ਵਿੱਚ ਇੱਕ ਸਾਹ ਲੈਣ ਵਾਲੀ ਟਿਊਬ ਲਗਾਈ ਜਾਂਦੀ ਹੈ। ਤੁਹਾਡਾ ਐਨੀਸਥੀਸੀਆ ਮਾਹਰ ਪੂਰੀ ਸਰਜਰੀ ਦੌਰਾਨ ਤੁਹਾਨੂੰ "ਬੇਹੋਸ਼" ਰੱਖੇਗਾ ਅਤੇ ਤੁਹਾਡੀ ਨਿਗਰਾਨੀ ਕਰੇਗਾ। ਜਾਗਦੇ ਹੀ ਨੀਂਦ ਆਉਣਾ ਬਿਲਕੁਲ ਆਮ ਗੱਲ ਹੈ।

## ਸਰਜਰੀ ਤੋਂ ਬਾਅਦ

ਸਰਜਰੀ ਦੇ ਅੰਤ 'ਤੇ, ਐਨੀਸਥੀਸੀਆ ਮਾਹਰ ਤੁਹਾਡੇ ਬੱਚੇ ਨੂੰ ਰਿਕਵਰੀ ਰੂਮ ਵਿੱਚ ਲੈ ਜਾਵੇਗਾ ਜਿੱਥੇ ਵਿਸ਼ੇਸ਼ ਤੌਰ 'ਤੇ ਸਿਖਲਾਈ ਪ੍ਰਾਪਤ ਨਰਸਿੰਗ ਸਟਾਫ਼ ਉਸਦੀ ਦੇਖਭਾਲ ਕਰੇਗਾ। ਰਿਕਵਰੀ ਰੂਮ ਤੋਂ ਬੱਚੇ ਨੂੰ ਤਦ ਹੀ ਛੁੱਟੀ ਦਿੱਤੀ ਜਾਵੇਗੀ ਜਦੋਂ ਸਟਾਫ਼ ਨੂੰ ਇਹ ਯਕੀਨ ਹੋ ਜਾਵੇ ਕਿ ਅਜਿਹਾ ਕਰਨਾ ਸੁਰੱਖਿਅਤ ਹੈ, ਪਰ ਇਸ ਵਿੱਚ ਸਰਜਰੀ ਤੋਂ ਬਾਅਦ ਇੱਕ ਜਾਂ ਦੋ ਘੰਟੇ ਲੱਗ ਸਕਦੇ ਹਨ। ਹਾਲਾਂਕਿ ਤੁਸੀਂ ਚਿੰਤਤ ਮਹਿਸੂਸ ਕਰ ਸਕਦੇ ਹੋ, ਪਰ ਰਿਕਵਰੀ ਦੌਰਾਨ ਬੱਚੇ ਦਾ ਕੁੱਝ ਘੰਟਿਆਂ ਲਈ ਤੁਹਾਡੇ ਤੋਂ ਦੂਰ ਰਹਿਣਾ ਆਮ ਗੱਲ ਹੈ।

## ਉਹ ਜ਼ੋਖਮ, ਜਿਨ੍ਹਾਂ ਬਾਰੇ ਸੁਚੇਤ ਰਹਿਣਾ ਚਾਹੀਦਾ ਹੈ

ਅੱਖ ਦੀ ਸਰਜਰੀ ਲਈ ਸੁੰਨ ਕਰਨ ਵਾਲੀਆਂ ਆਈ ਡ੍ਰੌਪਸ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਹੁੰਦੀਆਂ ਹਨ। ਜੇਕਰ ਤੁਹਾਡਾ ਆਪ੍ਰੇਸ਼ਨ ਆਈ ਬਲਾਕ ਦੇ ਕੇ ਕੀਤੀ ਗਈ ਹੈ, ਤਾਂ ਤੁਸੀਂ ਟੀਕੇ ਵਾਲੀ ਥਾਂ 'ਤੇ ਸੱਨੀਲ ਜਾਂ ਦਰਦ ਮਹਿਸੂਸ ਕਰ ਸਕਦੇ ਹੋ। ਅੱਖ ਦੇ ਪਿੱਛੇ ਖ਼ੂਨ ਵਗਣਾ ਇੱਕ ਦੁਰਲੱਭ ਪੇਚੀਦਗੀ ਹੈ ਅਤੇ ਜੇਕਰ ਇਹ ਗੰਭੀਰ ਹੋਵੇ ਤਾਂ ਤੁਹਾਨੂੰ ਆਪ੍ਰੇਸ਼ਨ ਦੀ ਲੋੜ ਪੈ ਸਕਦੀ ਹੈ। ਅੱਖ ਨੂੰ ਜਾਂ ਕਿਸੇ ਹੋਰ ਢਾਂਚਿਆਂ, ਜਿਵੇਂ ਕਿ ਨਸਾਂ ਨੂੰ ਨੁਕਸਾਨ ਪਹੁੰਚਣਾ ਬਹੁਤ ਹੀ ਵਿਰਲਾ ਹੁੰਦਾ ਹੈ। ਉਸ ਅੱਖ ਵਿੱਚ ਨਜ਼ਰ ਗੁਆਉਣਾ ਇੱਕ ਬਹੁਤ ਹੀ ਦੁਰਲੱਭ ਪਰ ਸੰਭਾਵਿਤ ਪੇਚੀਦਗੀ ਹੈ। ਅੱਖ ਦੀ ਸਰਜਰੀ ਲਈ ਜਨਰਲ ਐਨੀਸਥੀਸੀਆ ਦੇ ਖ਼ਤਰੇ ਹੋਰ ਸਰਜਰੀਆਂ ਲਈ ਜਨਰਲ ਐਨੀਸਥੀਸੀਆ ਵਰਗੇ ਹੀ ਹੁੰਦੇ ਹਨ।

ਜਨਰਲ ਐਨੀਸਥੀਸੀਆ ਦੇ ਕਾਰਨ ਤੁਹਾਨੂੰ ਬਾਅਦ ਵਿੱਚ ਨੀਂਦਰਾ ਮਹਿਸੂਸ ਹੋ ਸਕਦਾ ਹੈ। ਜੀ ਕੱਚਾ ਹੋਣਾ ਅਤੇ ਉਲਟੀ ਆਉਣਾ ਆਮ ਗੱਲ ਹੈ ਅਤੇ ਜੀ ਕੱਚਾ ਹੋਣਾ ਘਟਾਉਣ ਵਾਲੀਆਂ ਦਵਾਈਆਂ ਉਪਲਬਧ ਹੋਣਗੀਆਂ। ਹੋਰ ਥੋੜ੍ਹੇ ਸਮੇਂ ਦੇ ਮਾੜੇ ਪ੍ਰਭਾਵਾਂ ਵਿੱਚ ਨੀਲ ਪੈ ਜਾਣਾ, ਥਕਾਵਟ, ਸਿਰਦਰਦ, ਗਲੇ ਵਿੱਚ ਦਰਦ ਜਾਂ ਨੀਂਦ ਆਉਣ ਵਿੱਚ ਸਮੱਸਿਆਵਾਂ ਸ਼ਾਮਲ ਹੋ ਸਕਦੀਆਂ ਹਨ। ਤੁਹਾਨੂੰ ਹੋਰ ਪੇਚੀਦਗੀਆਂ ਵੀ ਹੋ ਸਕਦੀਆਂ ਹਨ ਜਿਵੇਂ ਦੰਦਾਂ ਨੂੰ ਨੁਕਸਾਨ, ਸਾਹ ਲੈਣ ਵਿੱਚ ਸਮੱਸਿਆਵਾਂ ਜਾਂ ਮਾਸਪੇਸ਼ੀਆਂ ਵਿੱਚ ਦਰਦ। ਹਾਲਾਂਕਿ ਬਹੁਤ ਹੀ ਦੁਰਲੱਭ ਮਾਮਲਿਆਂ ਵਿੱਚ, ਗੰਭੀਰ ਮਾੜੇ ਪ੍ਰਭਾਵ ਵੀ ਹੋ ਸਕਦੇ ਹਨ ਜਿਵੇਂ ਕਿ ਗੰਭੀਰ ਐਲਰਜੀ ਪ੍ਰਤੀਕਿਰਿਆ, ਦਿਲ ਦਾ ਦੌਰਾ, ਸਟ੍ਰੋਕ, ਦੌਰਾ ਪੈਣਾ, ਫੇਫੜਿਆਂ ਨੂੰ ਨੁਕਸਾਨ, ਨਮੂਨੀਆ, ਅੱਖਾਂ ਨੂੰ ਨੁਕਸਾਨ, ਆਵਾਜ਼ ਵਾਲੀਆਂ ਨਾਲੀਆਂ ਨੂੰ ਨੁਕਸਾਨ ਜਾਂ ਇੰਫੈਕਸ਼ਨ। ਯਾਦ ਰੱਖੋ ਕਿ ਮੌਤ ਸਮੇਤ ਇਨ੍ਹਾਂ ਵਧੇਰੇ ਗੰਭੀਰ ਪੇਚੀਦਗੀਆਂ ਦੇ ਹੋਣ ਦੇ ਜ਼ੋਖਮ ਬਹੁਤ ਹੀ ਘੱਟ ਹੁੰਦੇ ਹਨ।

ਤੁਹਾਨੂੰ ਪ੍ਰੇਰਿਤ ਕੀਤਾ ਜਾਂਦਾ ਹੈ ਕਿ ਤੁਸੀਂ ਆਪਣੇ ਐਨੀਸਥੀਸੀਆ ਮਾਹਰ ਤੋਂ ਕੋਈ ਵੀ ਪ੍ਰਸ਼ਨ ਪੁੱਛੋ ਜੋ ਤੁਹਾਡੇ ਮਨ ਵਿੱਚ ਹੋਣ। ਉਹ ਉਨ੍ਹਾਂ ਦੇ ਜਵਾਬ ਦੇਣ, ਅਤੇ ਤੁਹਾਡੇ ਲਈ ਅਤੇ ਤੁਹਾਡੀ ਸਰਜਰੀ ਲਈ ਸਭ ਤੋਂ ਵਧੀਆ ਅਤੇ ਸੁਰੱਖਿਅਤ ਯੋਜਨਾ ਬਾਰੇ ਗੱਲਬਾਤ ਕਰਨ ਵਿੱਚ ਖੁਸ਼ੀ ਮਹਿਸੂਸ ਕਰਨਗੇ।

ਇਹ ਕਿਤਾਬਚਾ ਅੱਖਾਂ ਦੀ ਸਰਜਰੀ ਲਈ ਐਨੀਸਥੀਸੀਆ ਬਾਰੇ ਆਮ ਜਾਣਕਾਰੀ ਪ੍ਰਦਾਨ ਕਰਦਾ ਹੈ। ਇਹ ਤੁਹਾਡੀ ਨਿੱਜੀ ਇਲਾਜ ਯੋਜਨਾ ਬਾਰੇ ਤੁਹਾਡੇ ਮਾਹਰ ਵੱਲੋਂ ਦਿੱਤੀ ਗਈ ਸਲਾਹ ਦਾ ਬਦਲ ਨਹੀਂ ਹੈ। ਇਹ ਯਕੀਨੀ ਬਣਾਉਣ ਲਈ ਹਰ ਯਤਨ ਕੀਤਾ ਗਿਆ ਹੈ ਕਿ ਦਿੱਤੀ ਗਈ ਜਾਣਕਾਰੀ ਸਹੀ ਅਤੇ ਤਾਜ਼ਾ ਹੋਵੇ। ਹਾਲਾਂਕਿ, ਅਸੀਂ ਦਿੱਤੀ ਗਈ ਜਾਣਕਾਰੀ ਦੀ ਸ਼ੁੱਧਤਾ ਜਾਂ ਸੰਪੂਰਨਤਾ ਦੀ ਕੋਈ ਗਾਰੰਟੀ ਜਾਂ ਵਾਰੰਟੀ ਨਹੀਂ ਦਿੰਦੇ ਹਾਂ। ਕਲੀਨਿਕਲ ਖੋਜ ਅਤੇ ਗਿਆਨ ਵਿੱਚ ਤਰੱਕੀ ਦੇ ਕਾਰਨ ਇਹ ਜਾਣਕਾਰੀ ਸਮੇਂ ਦੇ ਨਾਲ ਬਦਲ ਸਕਦੀ ਹੈ। ਇਸ ਕਿਤਾਬਚੇ ਦੀ ਵਰਤੋਂ ਸਿਰਫ਼ ਆਪਣੇ ਮਾਹਰ ਨਾਲ ਸਲਾਹ-ਮਸ਼ਵਰਾ ਕਰਕੇ ਹੀ ਕਰੋ। ਅਸੀਂ ਤਰਜੀਹ ਦਿੰਦੇ ਹਾਂ ਸਾਡੇ ਮੈਂਬਰ ਸਾਡੀ ਸਮੱਗਰੀ ਨੂੰ ਆਪਣੀ ਵੈੱਬਸਾਈਟ 'ਤੇ ਛਾਪਣ ਜਾਂ ਦੁਬਾਰਾ ਪ੍ਰਕਾਸ਼ਿਤ ਕਰਨ ਦੀ ਬਜਾਏ ਸਾਡੀ ਵੈੱਬਸਾਈਟ ਨਾਲ ਲਿੰਕ ਕਰਨ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਤੁਹਾਡੇ ਕੋਲ ਸਭ ਤੋਂ ਤਾਜ਼ਾ ਜਾਣਕਾਰੀ ਕ ਪਹੁੰਚ ਹੋਵੇ। ਇਸਦੇ ਨਵੀਨਤਮ ਸੰਸਕਰਣ ਲਈ, ਕਿਰਪਾ ਕਰਕੇ ASA ਵੈੱਬਸਾਈਟ 'ਤੇ ਜਾਓ। ਆਖਰੀ ਸਮੀਖਿਆ 12/03/24 ਨੂੰ ਕੀਤੀ ਗਈ ਸੀ।

© ਆਸਟ੍ਰੇਲੀਅਨ ਸੋਸਾਇਟੀ ਆਫ਼ ਐਨੇਸਥੀਟਿਸਟਸ ਲਿਮਟਿਡ (ASA)।
ਇਸ ਕਿਤਾਬਚੇ ਦਾ ਸਾਰਾ ਜਾਂ ਕੁੱਝ ਹਿੱਸਾ ASA ਤੋਂ ਲਿਖਤੀ ਆਗਿਆ ਲਏ ਬਗ਼ੈਰ ਵਪਾਰਕ ਉਦੇਸ਼ਾਂ ਲਈ ਵਰਤਿਆ, ਬਦਲਿਆ, ਦੁਬਾਰਾ ਤਿਆਰ ਜਾਂ ਵੰਡਿਆ ਨਹੀਂ ਜਾ ਸਕਦਾ ਹੈ।

Australian Society of Anaesthetists®
PO Box 76, St Leonards, NSW 1590, Australia
1800 806 654 | asa@asa.org.au | ABN 16 095 377 370 | asa.org.au